# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :24-01-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 18ਵੇਂ ਰੁਜ਼ਗਾਰ ਮੇਲੇ ਵਿੱਚ ਨਵੇਂ ਭਰਤੀ ਹੋਏ 61 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ -ਚੰਡੀਗੜ੍ਹ ਤੇ ਜਲੰਧਰ ਵਿਚ ਹੋਏ ਰੋਜ਼ਗਾਰ ਮੇਲੇ ਦੌਰਾਨ 758 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਅੱਜ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਾਰਿਆਂ ਨੂੰ ਕੁੜੀਆਂ ਦੇ ਸੁਰੱਖਿਅਤ ਅਤੇ ਸੁਨਹਿਰੇ ਭਵਿੱਖ ਲਈ ਰਾਹ ਪੱਧਰਾ ਕਰਨ ਦਾ ਸੱਦਾ ਦਿੱਤਾ।

- ਜਲੰਧਰ ਵਿਚ ਸਰਫੇਸ ਵਾਟਰ ਪ੍ਰਾਜੈਕਟ ਵਿਚ ਹੋਈ ਦੇਰੀ ਦਾ ਗੰਭੀਰ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਾਰਜਕਾਰੀ ਏਜੰਸੀ ਨੂੰ ਸਾਢੇ 7 ਕਰੋੜ ਰੁਪਏ ਦਾ ਜੁਰਮਾਨਾ ਲਾਇਆ ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ -ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਰਫ਼ਬਾਰੀ ਨੇ ਆਮ ਜਨਜੀਵਨ ਨੂੰ ਕੀਤਾ ਪ੍ਰਭਾਵਿਤ ।
- ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਕੱਲ੍ਹ ਅੰਮ੍ਰਿਤਸਰ ਦੀ ਅਟਾਰੀ ਸਰਹੱਦ 'ਤੇ, Fit India Sundays on Cycle ਦੇ 58ਵੇਂ ਐਡੀਸ਼ਨ ਦਾ ਆਯੋਜਨ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ, ਭਾਰਤ ਅਤੇ ਵਿਦੇਸ਼ਾਂ ਵਿੱਚ ਨੌਜਵਾਨਾਂ ਲਈ ਨਵੇਂ ਮੌਕੇ ਸਿਰਜਣ ਕਰਨ ਲਈ ਯਤਨਸ਼ੀਲ ਏ। ਪ੍ਰਧਾਨ ਮੰਤਰੀ ਅੱਜ ਨਵੀਂ ਦਿੱਲੀ ਵਿੱਚ ਵਰਚੁਅਲ ਤੌਰ 'ਤੇ ਆਯੋਜਿਤ 18ਵੇਂ ਰਾਸ਼ਟਰੀ ਰੋਜ਼ਗਾਰ ਮੇਲੇ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਰੋਜ਼ਗਾਰ ਮੇਲੇ ਇੱਕ ਸੰਸਥਾਗਤ ਪ੍ਰਣਾਲੀ ਬਣ

ਗਏ ਹਨ ਅਤੇ ਲੱਖਾਂ ਨੌਜਵਾਨਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਤੋਂ ਨਿਯੁਕਤੀ ਪੱਤਰ ਪ੍ਰਾਪਤ ਹੋਏ ਹਨ।

BYTE

ਉਨ੍ਹਾਂ ਕਿਹਾ ਕਿ ਭਾਰਤ ਕਈ ਦੇਸ਼ਾਂ ਨਾਲ ਵਪਾਰ ਅਤੇ ਆਵਾਜਾਈ ਸਮਝੌਤੇ ਕਰ ਰਿਹਾ ਏ , ਜਿਸ ਨਾਲ ਦੇਸ਼ ਦੇ ਹੁਨਰਮੰਦ ਨੌਜਵਾਨਾਂ ਲਈ ਕਈ ਮੌਕੇ ਖੁੱਲ੍ਹ ਰਹੇ ਹਨ। ਉਨ੍ਹਾਂ ਕਿਹਾ ਕਿ ਸਾਲ 2026 ਦੀ ਸ਼ੁਰੂਆਤ ਨਵੀਂ ਖੁਸ਼ੀ ਦੀ ਸ਼ੁਰੂਆਤ ਏ  ਜੋ ਕਿ ਹਾਲ ਹੀ ਵਿੱਚ ਬਸੰਤ ਪੰਚਮੀ ਦੇ ਜਸ਼ਨ ਦੇ ਨਾਲ ਮੇਲ ਖਾਂਦੀ ਏ ।

BYTE

ਰੋਜ਼ਗਾਰ ਮੇਲਾ ਪਹਿਲਕਦਮੀ ਤਹਿਤ ਅੱਜ ਦੇ ਸਮਾਗਮ ਦੌਰਾਨ, ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਭਰਤੀ ਕੀਤੇ ਗਏ 61 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। 18ਵਾਂ ਰੋਜ਼ਗਾਰ ਮੇਲਾ ਦੇਸ਼ ਭਰ ਵਿੱਚ 45 ਥਾਵਾਂ 'ਤੇ ਆਯੋਜਿਤ ਕੀਤਾ ਗਿਆ । ਸਾਰੇ ਨਵੇਂ ਭਰਤੀ ਕੀਤੇ ਗਏ ਨੌਜਵਾਨ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਵਿੱਚ ਅਹੁਦੇ ਸੰਭਾਲਣਗੇ।

------------------------------------------------------------

ਰੋਜ਼ਗਾਰ ਮੇਲਾ ਪੰਜਾਬ ਦੇ ਜਲੰਧਰ ਤੇ ਚੰਡੀਗੜ੍ਹ ਵਿਚ ਵੀ ਕਰਵਾਇਆ ਗਿਆ। ਜਲੰਧਰ ਵਿੱਚ ਬੀ.ਐਸ.ਐਫ ਦੇ ਆਈ.ਜੀ ਡਾ. ਅਤੁਲ ਫੁਲਜ਼ੇਲੇ ਅਤੇ ਬੀ.ਐਸ.ਐਫ ਤੇ ਆਈ.ਟੀ.ਬੀ.ਪੀ ਦੇ ਹੋਰਨਾਂ ਅਧਿਕਾਰੀਆਂ ਨੇ 194 ਨਵ ਨਿਯੁਕਤ ਨੌਜਵਾਨਾਂ ਨੂੰ ਨਿਯੁਕਤੀ ਤਕਸੀਮ ਕੀਤੇ। ਕੁੱਲ 651 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਨੇ, ਕੁਝ ਨੂੰ ਵਰਚੁਅਲ ਮਾਧਿਅਮ ਨਾਲ ਵੀ ਨਿਯੁਕਤੀ ਪੱਤਰ ਦਿਤੇ ਗਏ। ਸਾਰੀਆਂ ਨਵੀਆਂ ਨਿਯੁਕਤ, ਜਿਨ੍ਹਾਂ ਵਿੱਚ ਬਹੁਤ ਸਾਰੀਆਂ ਮਹਿਲਾਵਾਂ ਸ਼ਾਮਲ ਨੇ ਬੀ.ਐਸ.ਐਫ, ਸੀ.ਆਰ.ਪੀ.ਐਫ, ਆਈ.ਟੀ.ਬੀ.ਪੀ, ਅਸਾਮ ਰਾਈਫਲਜ਼ ਸਮੇਤ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਵਿੱਚ ਸ਼ਾਮਲ ਹੋ ਰਹੇ ਨੇ। ਓਧਰ ਚੰਡੀਗੜ੍ਹ ਵਿਚ ਕੇਂਦਰੀ ਮੰਤਰੀ ਹਰਦੀਪ ਸਿੰਘ ਪੂਰੀ ਨੇ 107 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ।

ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ।

BYTE

ਉਮੀਦਵਾਰਾਂ ਨੂੰ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਲਈ ਨਿਯੁਕਤੀ ਪੱਤਰ ਪ੍ਰਾਪਤ ਹੋਏ। ਇਨ੍ਹਾਂ ਵਿੱਚ ਆਈ.ਟੀ.ਬੀ.ਪੀ ਵਿੱਚ 10, ਸੀ.ਆਰ.ਪੀ.ਐਫ ਵਿੱਚ 36, ਸੀ.ਆਈ.ਐਸ.ਐਫ ਵਿੱਚ 30, ਅਸਾਮ

ਰਾਈਫਲਜ਼ ਵਿੱਚ 8, ਬੈਂਕ ਆਫ਼ ਬੜੌਦਾ ਵਿੱਚ 2, ਯੂਨੀਅਨ ਬੈਂਕ ਵਿੱਚ 3 ਅਤੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਵਿੱਚ 18 ਨਿਯੁਕਤੀਆਂ ਸ਼ਾਮਲ ਨੇ । ਇਸ ਮੌਕੇ ਨਿਯੁਕਤੀ ਪੱਤਰ ਲੈਣ ਵਾਲੇ ਪੰਜਾਬ ਦੇ ਨੌਜਵਾਨਾਂ ਨੇ ਸਰਕਾਰ ਦਾ ਧੰਨਵਾਦ ਕੀਤਾ ।

BYTE

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 130ਵਾਂ ਐਪੀਸੋਡ ਹੋਵੇਗਾ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

---------------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਕੁੜੀਆਂ ਦੇ ਅਧਿਕਾਰਾਂ, ਸਿੱਖਿਆ, ਸਿਹਤ, ਪੋਸ਼ਣ ਅਤੇ ਭਲਾਈ ਨੂੰ ਉਜਾਗਰ ਕਰਦਾ ਏ। ਹਰ ਸਾਲ 24 ਜਨਵਰੀ ਨੂੰ ਮਨਾਇਆ ਜਾਨ ਵਾਲਾ ਇਹ ਦਿਨ, ਲਿੰਗ ਭੇਦਭਾਵ ਬਾਰੇ ਜਾਗਰੂਕਤਾ ਪੈਦਾ ਕਰਨ, ਬਰਾਬਰ ਮੌਕਿਆਂ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਅਜਿਹੇ ਚੌਗਿਰਦੇ ਨੂੰ ਉਤਸ਼ਾਹਿਤ ਕਰਨ ਲਈ, ਮੰਚ ਵਜੋਂ ਕੰਮ ਕਰਦਾ ਏ ਜਿੱਥੇ ਕੁੜੀਆਂ, ਸਸ਼ਕਤ ਨਾਗਰਿਕਾਂ ਵਜੋਂ ਤਰੱਕੀ ਕਰ ਸਕਦੀਆਂ ਨੇ। ਇਹ ਦਿਨ 22 ਜਨਵਰੀ, 2015 ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ ''ਬੇਟੀ ਬਚਾਓ, ਬੇਟੀ ਪੜ੍ਹਾਓ'' ਯੋਜਨਾ ਦੀ ਵਰ੍ਹੇਗੰਢ ਨੂੰ ਵੀ ਦਰਸਾਉਂਦਾ ਏ। ਇਸ ਇਤਿਹਾਸਕ ਪਹਿਲਕਦਮੀ ਦਾ ਉਦੇਸ਼, ਕੁੜੀਆਂ ਦੀ ਸਿੱਖਿਆ, ਸਿਹਤ ਅਤੇ ਸੁਰੱਖਿਆ ਨੂੰ ਉਤਸ਼ਾਹਿਤ ਕਰਦੇ ਹੋਏ, ਭਰੂਣ ਹੱਤਿਆ, ਬਾਲ ਵਿਆਹ ਅਤੇ ਲਿੰਗ ਭੇਦਭਾਵ ਵਰਗੇ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕਰਨਾ ਏ। ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਸ਼ੁਰੂ ਕੀਤਾ ਗਿਆ ਰਾਸ਼ਟਰੀ ਬਾਲੜੀ ਦਿਵਸ, ਪਹਿਲੀ ਵਾਰ 2008 ਵਿੱਚ ਮਨਾਇਆ ਗਿਆ ਸੀ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ, ਕੁੜੀਆਂ ਸਿਰਫ਼ ਇੱਕ ਜ਼ਿੰਮੇਵਾਰੀ ਨਹੀਂ, ਸਗੋਂ ਉਹ ਰਾਸ਼ਟਰ ਨਿਰਮਾਣ ਵਿੱਚ ਲਾਮਿਸਾਲ ਸਮਰਥਾ ਨਾਲ ਦੇਸ਼ ਦੀ ਤਰੱਕੀ ਦੀ ਅਗਵਾਈ ਕਰ ਰਹੀਆਂ ਨੇ। ਗ੍ਰਹਿ ਮੰਤਰੀ ਨੇ ਅੱਜ ਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ, ਰਾਣੀ ਲਕਸ਼ਮੀ ਬਾਈ, ਰਾਣੀ ਵੇਲੂ ਨਚਿਆਰ, ਮੂਲਾ ਗਭਾਰੂ ਅਤੇ ਪ੍ਰੀਤੀਲਤਾ ਵਾਡੇਦਾਰ ਦੀ ਪ੍ਰੇਰਨਾਦਾਇਕ ਮਿਸਲ ਹਰ ਭਾਰਤੀ ਦੇ ਦਿਲ ਨੂੰ ਮਾਣ ਨਾਲ ਭਰ ਦਿੰਦੀਆਂ ਨੇ। ਇੱਕ ਸੋਸ਼ਲ ਮੀਡਿਆ ਪੋਸਟ 'ਚ, ਉਨ੍ਹਾਂ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਦੇ ਮਹਿਲਾਵਾਂ ਦੀ ਅਗਵਾਈ ਵਾਲੇ ਵਿਕਾਸ ਦੇ ਮੰਤਰ ਨੇ ਰਾਸ਼ਟਰੀ ਤਰੱਕੀ ਵਿੱਚ ਮਹਿਲਾ ਸ਼ਕਤੀ ਨੂੰ ਸਭ ਤੋਂ ਅੱਗੇ ਰੱਖਿਆ ਏ।

---

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੌਮੀ ਬਾਲੜੀ ਦਿਵਸ ਮੌਕੇ 'ਤੇ ਦੁਨੀਆ ਭਰ ਦੀਆਂ ਸਾਰੀਆਂ ਧੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਉਨ੍ਹਾਂ ਨੇ ਕੌਮੀ ਬਾਲੜੀ ਦਿਵਸ ਦੇ ਮੌਕੇ ਆਪਣੀ ਧੀ ਨਾਲ ਇੱਕ ਤਸਵੀਰ ਸਾਂਝੀ ਕੀਤੀ ਅਤੇ ਲਿਖਿਆ ਕਿ "ਧੀਆਂ ਨੂੰ ਅਸਮਾਨ ਦਿਓ, ਉਹ ਤਾਰਿਆਂ ਵਾਂਗ ਚਮਕਣਗੀਆਂ"। ਆਓ

ਅਸੀਂ ਮਿਲ ਕੇ ਕੁੜੀਆਂ ਦੇ ਸੁਰੱਖਿਅਤ ਅਤੇ ਉੱਜਵਲ ਭਵਿੱਖ ਲਈ ਰਾਹ ਪੱਧਰਾ ਕਰੀਏ । ਉਨ੍ਹਾਂ ਕਿਹਾ ਕਿ ਧੀਆਂ ਸਾਡੇ ਦੇਸ਼ ਦਾ ਮਾਣ ਨੇ ਅਤੇ ਇਹ ਹਰ ਮਾਤਾ-ਪਿਤਾ ਦਾ ਫਰਜ਼ ਹੋਣਾ ਚਾਹੀਦਾ ਏ ਕਿ ਉਹ, ਉਨ੍ਹਾਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਤਾਂ ਜੋ ਉਹ ਕਿਸੇ ਵੀ ਖੇਤਰ 'ਚ ਪਿੱਛੇ ਨਾ ਰਹਿਣ।

--------------------------------------------------------

ਚੋਣ ਕਮਿਸ਼ਨ ਕੱਲ ਨਵੀਂ ਦਿੱਲੀ ਵਿੱਚ,16ਵਾਂ ਰਾਸ਼ਟਰੀ ਵੋਟਰ ਦਿਵਸ ਮਨਾਏਗਾ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਮੁੱਖ ਮਹਿਮਾਨ ਵਜੋਂ ਸਮਾਰੋਹ ਦੀ ਪ੍ਰਧਾਨਗੀ ਕਰਨਗੇ। ਇਸ ਸਾਲ ਰਾਸ਼ਟਰੀ ਵੋਟਰ ਦਿਵਸ ਦਾ ਵਿਸ਼ਾ "ਮੇਰਾ ਭਾਰਤ, ਮੇਰੀ ਵੋਟ" ਏ, ਜਿਸਦਾ ਨਾਅਰਾ ਏ - "ਭਾਰਤੀ ਲੋਕਤੰਤਰ ਦੇ ਕੇਂਦਰ ਵਿੱਚ ਨਾਗਰਿਕ" । ਸਮਾਰੋਹ ਦੌਰਾਨ, ਰਾਸ਼ਟਰਪਤੀ ਨਵੇਂ ਰਜਿਸਟਰਡ ਨੌਜਵਾਨ ਵੋਟਰਾਂ ਨੂੰ ਵੋਟਰ I.D ਕਾਰਡ ਵੰਡਣਗੇ। ਇਸ ਦੇ ਨਾਲ, ਉਹ ਤਕਨਾਲੋਜੀ ਦੀ ਪ੍ਰਭਾਵਸ਼ਾਲੀ ਵਰਤੋਂ, ਚੋਣ ਪ੍ਰਬੰਧਨ ਅਤੇ ਵੋਟਰ ਜਾਗਰੂਕਤਾ ਲਈ ਵੱਖ-ਵੱਖ ਸ਼੍ਰੇਣੀਆਂ ਵਿੱਚ ਸਰਬੋਤਮ ਚੋਣ ਅਭਿਆਸ ਪੁਰਸਕਾਰ ਵੀ ਪ੍ਰਦਾਨ ਕਰਨਗੇ। ਸਮਾਰੋਹ ਵਿੱਚ, ਮੀਡੀਆ ਲਈ ਵਿਸ਼ੇਸ਼ ਪੁਰਸਕਾਰ ਵੀ ਦਿੱਤੇ ਜਾਣਗੇ। ਇਸ ਮੌਕੇ, ਕੇਂਦਰੀ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ

ਮੇਘਵਾਲ ਵੀ ਮੌਜੂਦ ਰਹਿਣਗੇ। ਸਮਾਰੋਹ ਦੀ ਅਗਵਾਈ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਕਰਨਗੇ, ਨਾਲ ਹੀ ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਵੀ ਮੌਜੂਦ ਰਹਿਣਗੇ।

---------------------------------------------------------

ਜਲੰਧਰ ਵਿਚ ਸਰਫੇਸ ਵਾਟਰ ਪ੍ਰਾਜੈਕਟ ਦੇ ਮੁਕੰਮਲ ਹੋਣ ਵਿੱਚ ਹੋ ਰਹੀ ਦੇਰੀ ਕਰਕੇ ਸ਼ਹਿਰ ਭਰ ਵਿੱਚ ਸੜਕਾਂ ਪੁੱਟੀਆਂ ਹੋਣ ਕਾਰਨ ਲੋਕਾਂ ਨੂੰ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਏ। ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਇਸ ਦਾ ਗੰਭੀਰ ਨੋਟਿਸ ਲੈਂਦਿਆਂ ਕਾਰਜਕਾਰੀ ਏਜੰਸੀ ਮੈਸ ਲਾਰਸਨ ਐਂਡ ਟਰਬੋ ਲਿਮਟਿਡ ਨੂੰ ਸਾਢੇ 7 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਏ। ਵੱਲੋਂ ਇਸ ਪ੍ਰਾਜੈਕਟ ਵਿਚ ਬੇਲੋੜੀ ਦੇਰੀ ਕਰਨ ਲਈ ਸਬੰਧਿਤ ਵਿਭਾਗ ਨੂੰ ਕਾਰਜਕਾਰੀ ਏਜੰਸੀ ਖਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਜਿਸ ਤੋਂ ਬਾਅਦ ਇਹ ਜੁਰਮਾਨਾ ਲਗਾਇਆ ਗਿਆ ਏ। ਵਿਕਾਸ ਪ੍ਰਾਜੈਕਟਾਂ ਦਾ ਜਾਇਜ਼ਾ ਲੈਣ ਲਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਫੇਸ ਵਾਟਰ ਪ੍ਰਾਜੈਕਟ ਵਿੱਚ ਦੇਰੀ ਹੋਣ ਨਾਲ ਰੋਜ਼ਮਰਾ ਦੀ ਜ਼ਿੰਦਗੀ ਅਤੇ ਨਿਰਵਿਘਨ ਆਵਾਜਾਈ ਪ੍ਰਭਾਵਿਤ ਹੋਈ ਏ। ਉਨ੍ਹਾਂ ਸਪਸ਼ਟ ਕਿਹਾ ਕਿ ਇਸ ਵਿੱਚ ਹੁਣ ਕਿਸੇ ਵੀ

ਪ੍ਰਕਾਰ ਦੀ ਬੇਲੋੜੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਤਾੜਨਾ ਕੀਤੀ ਕਿ ਜੇਕਰ ਨਿਰਧਾਰਿਤ ਸਮਾਂ ਹੱਦ  ਦੀ ਪਾਲਣਾ ਨਾ ਕੀਤੀ ਗਈ ਤਾਂ ਕਾਰਜਕਾਰੀ ਏਜੰਸੀ ਖਿਲਾਫ਼ ਹੋਰ ਸਖ਼ਤ ਕਾਰਵਾਈ ਆਰੰਭੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਦੇ ਇਸੇ ਸਾਲ ਮੁਕੰਮਲ ਹੋਣ ਦੀ ਉਮੀਦ ਏ ਅਤੇ ਉਨ੍ਹਾਂ ਜਲੰਧਰ ਸਮਾਰਟ ਸਿਟੀ ਮਿਸ਼ਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਧਾਰਿਤ ਸਮਾਂ ਸੀਮਾ ਅਤੇ ਕੰਮ ਦੇ ਮਿਆਰ ਦੋਵਾਂ ਦੀ ਬਾਰੀਕੀ ਨਾਲ ਨਿਗਰਾਨੀ ਕੀਤੀ ਜਾਵੇ। ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਫਰਵਰੀ ਦੇ ਅਖੀਰ ਤੱਕ ਬਿਟੂਮਨ ਪਲਾਂਟ ਚਾਲੂ ਹੁੰਦੇ ਹੀ ਕੰਮ ਪੂਰੀ ਤੇਜ਼ੀ ਨਾਲ ਸ਼ੁਰੂ ਹੋਣਾ ਚਾਹੀਦਾ ਏ । ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ 70 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਣ ਵਾਲੇ ਬਰਲਟਨ ਪਾਰਕ ਸਪੋਰਟਸ ਹੱਬ ਪ੍ਰਾਜੈਕਟ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ 15 ਅਗਸਤ 2026 ਤੱਕ ਮੁਕੰਮਲ ਹੋਣ ਦਾ ਟੀਚਾ ਏ । ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਪ੍ਰਾਜੈਕਟ ਨੂੰ ਨਿਰਧਾਰਿਤ ਸਮੇਂ ਦੇ ਅੰਦਰ ਮੁਕੰਮਲ ਕਰਨ ਨੂੰ ਯਕੀਨੀ ਬਣਾਇਆ ਜਾਵੇ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ ਕੀਤਾ ਏ. ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਰਫ਼ਬਾਰੀ ਨੇ ਆਮ ਜਨਜੀਵਨ ਨੂੰ ਕਾਫ਼ੀ ਪ੍ਰਭਾਵਿਤ ਕੀਤਾ ਏ। ਸੂਬੇ ਦੇ ਕਈ ਖੇਤਰਾਂ ਵਿੱਚ ਆਵਾਜਾਈ ਠੱਪ ਹੋਈ। ਸ਼ਿਮਲਾ, ਚੰਬਾ, ਕਿਨੌਰ ਅਤੇ ਕੁੱਲੂ ਜ਼ਿਲ੍ਹਿਆਂ ਦੇ ਉੱਚੇ ਇਲਾਕਿਆਂ ਵਿੱਚ ਰੁਕ-ਰੁਕ ਕੇ ਬਰਫ਼ਬਾਰੀ ਜਾਰੀ ਏ। ਮੌਸਮ ਵਿਭਾਗ ਨੇ ਬਰਫ਼ਬਾਰੀ, ਮੀਂਹ ਅਤੇ ਤੇਜ਼ ਹਵਾਵਾਂ ਲਈ ਯੇਲੋ ਅਲਰਟ ਜਾਰੀ ਕੀਤਾ ਏ। ਬਰਫ਼ਬਾਰੀ ਅਤੇ ਮੀਂਹ ਤੋਂ ਬਾਅਦ, ਰਾਜ ਵਿੱਚ ਭਾਰੀ ਠੰਢ ਪੈ ਰਹੀ ਏ। ਮੌਸਮ ਵਿਭਾਗ ਨੇ ਕੱਲ੍ਹ ਵੀ ਇਸੇ ਤਰ੍ਹਾਂ ਦੇ ਹਾਲਤ ਦੀ ਭਵਿੱਖਬਾਣੀ ਕੀਤੀ ਏ।

---------------------------------------------------------------

ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਕੱਲ੍ਹ ਅੰਮ੍ਰਿਤਸਰ ਦੀ ਅਟਾਰੀ ਸਰਹੱਦ 'ਤੇ Fit India Sundays on Cycle ਦੇ 58ਵੇਂ ਐਡੀਸ਼ਨ ਦਾ ਆਯੋਜਨ ਕਰ ਰਹੀ ਏ। Fit India Sundays on Cycle ਜੋ ਕਿ ਦੇਸ਼ ਵਿਆਪੀ ਫਿੱਟ ਇੰਡੀਆ ਅੰਦੋਲਨ ਦਾ ਹਿੱਸਾ ਏ ਜਿਸਦੀ ਕਲਪਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤੀ ਸੀ। ਇਸ ਵਿੱਚ ਅਟਾਰੀ

ਬਾਰਡਰ ਤੋਂ ਇੱਕ ਵਿਸ਼ਾਲ ਸਾਈਕਲਿੰਗ ਰੈਲੀ ਹੋਵੇਗੀ ਜਿਸ ਵਿੱਚ ਯੋਗ, ਵਾਰਮ-ਅੱਪ ਡ੍ਰਿਲਸ ਅਤੇ ਭਾਈਚਾਰਕ ਸ਼ਮੂਲੀਅਤ ਗਤੀਵਿਧੀਆਂ ਸਮੇਤ ਫਿਟਨੈਸ ਪ੍ਰਦਰਸ਼ਨ ਹੋਣਗੇ, ਜੋ "ਫਿੱਟਨੈਸ ਕਾ ਡੋਜ਼ , ਆਧਾ ਘੰਟਾ ਰੋਜ਼" ਦੀ ਭਾਵਨਾ ਨੂੰ ਦਰਸਾਉਂਦੇ ਹਨ। ਯੁਵਾ ਮਾਮਲੇ ਅਤੇ ਖੇਡ ਮੰਤਰੀ ਰਕਸ਼ਾ ਖੜਸੇ, ਓਲੰਪੀਅਨ ਮੁੱਕੇਬਾਜ਼ ਨਿਖਤ ਜ਼ਰੀਨ ਅਤੇ ਭਾਰਤੀ ਖੇਡ ਅਥਾਰਟੀ ਦੇ ਹੋਰ ਪਤਵੰਤੇ, ਭਾਰਤੀ ਫਿਲਮ ਉਦਯੋਗ ਦੇ ਕੁਝ ਕਲਾਕਾਰਾਂ ਦੇ ਨਾਲ ਇਸ ਮੌਕੇ ਸ਼ਿਰਕਤ ਕਰਨਗੇ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ 18ਵੇਂ ਰੁਜ਼ਗਾਰ ਮੇਲੇ ਵਿੱਚ ਨਵੇਂ ਭਰਤੀ ਹੋਏ 61 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤੇ -ਚੰਡੀਗੜ੍ਹ ਤੇ ਜਲੰਧਰ ਵਿਚ ਹੋਏ ਰੋਜ਼ਗਾਰ ਮੇਲੇ ਦੌਰਾਨ 758 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ ਗਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।

- ਅੱਜ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ-ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਾਰਿਆਂ ਨੂੰ ਕੁੜੀਆਂ ਦੇ ਸੁਰੱਖਿਅਤ ਅਤੇ ਸੁਨਹਿਰੇ ਭਵਿੱਖ ਲਈ ਰਾਹ ਪੱਧਰਾ ਕਰਨ ਦਾ ਸੱਦਾ ਦਿੱਤਾ।
- ਜਲੰਧਰ ਵਿਚ ਸਰਫੇਸ ਵਾਟਰ ਪ੍ਰਾਜੈਕਟ ਵਿਚ ਹੋਈ ਦੇਰੀ ਦਾ ਗੰਭੀਰ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਾਰਜਕਾਰੀ ਏਜੰਸੀ ਨੂੰ ਸਾਢੇ 7 ਕਰੋੜ ਰੁਪਏ ਦਾ ਜੁਰਮਾਨਾ ਲਾਇਆ ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ -ਹਿਮਾਚਲ ਪ੍ਰਦੇਸ਼ ਵਿੱਚ ਭਾਰੀ ਬਰਫ਼ਬਾਰੀ ਨੇ ਆਮ ਜਨਜੀਵਨ ਨੂੰ ਕੀਤਾ ਪ੍ਰਭਾਵਿਤ ।
- ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਕੱਲ੍ਹ ਅੰਮ੍ਰਿਤਸਰ ਦੀ ਅਟਾਰੀ ਸਰਹੱਦ 'ਤੇ, Fit India Sundays on Cycle ਦੇ 58ਵੇਂ ਐਡੀਸ਼ਨ ਦਾ ਆਯੋਜਨ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**